# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ:22-03-2024**

- ਭਾਰਤ ਚੋਣ ਕਮਿਸ਼ਨ ਨੇ ਪੰਜਾਬ ਦੇ 5 ਜ਼ਿਲ੍ਹਿਆਂ ਦੇ SSPs ਦੀ ਤੈਨਾਤੀ ਕਰ ਦਿੱਤੀ ਏ।
- ਲੋਕ ਸਭਾ ਚੋਣਾਂ ਦੌਰਾਨ ਵੋਟਰਾਂ ਦੀ ਸਹੂਲਤ ਲਈ ਵੋਟ ਪਾਉਣ ਸਮੇਂ, ਭਾਰਤੀ ਚੋਣ ਕਮਿਸ਼ਨ ਨੇ ਚੋਣ ਫੋਟੋ ਪਛਾਣ ਪੱਤਰ ਤੋਂ ਇਲਾਵਾ 12 ਹੋਰ ਅਧਿਕਾਰਤ ਦਸਤਾਵੇਜ਼ਾਂ ਨੂੰ ਪਛਾਣ ਦੇ ਸਬੂਤ ਵਜੋਂ ਮਾਨਤਾ ਦਿੱਤੀ ਏ।
- ਵਿਸ਼ਵ ਜਲ ਦਿਵਸ ਮੌਕੇ ਲੋਕਾਂ ਨੂੰ ਪਾਣੀ ਦੀ ਸਾਂਭ ਸੰਭਾਲ ਬਾਰੇ ਜਾਗਰੂਕ ਕਰਨ ਦੇ ਮਕਸਦ ਨਾਲ, ਪੁਸ਼ਪਾ ਗੁਜਰਾਲ ਸਾਇੰਸ ਸਿਟੀ ਵਿਖੇ ਪ੍ਰੇਰਨਾਦਾਇਕ ਪ੍ਰੋਗਰਾਮ ਦਾ ਆਯੋਜਨ।

- ਸੁਨਾਮ ਵਿਖੇ ਵੀ ਕਥਿਤ ਜ਼ਹਿਰੀਲੀ ਸ਼ਰਾਬ ਨੇ 4 ਵਿਅਕਤੀਆਂ ਦੀ ਜਾਨ ਲਈ, ਜਦਕਿ 9 ਜਣਿਆਂ ਦੀ ਹਾਲਤ ਗੰਭੀਰ ਦੱਸੀ ਜਾ ਰਹੀ ਏ।

---------------------------------------------------------

ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ ਦੱਸਿਆ ਏ ਕਿ ਭਾਰਤ ਚੋਣ ਕਮਿਸ਼ਨ ਨੇ ਸੂਬੇ ਦੇ 5 ਜ਼ਿਲ੍ਹਿਆਂ ਦੇ ਐਸ.ਐਸ.ਪੀਜ਼ ਦੀ ਤੈਨਾਤੀ ਕਰ ਦਿੱਤੀ ਏ। ਚੰਡੀਗੜ੍ਹ ਵਿਚ ਉਨ੍ਹਾਂ ਦੱਸਿਆ ਕਿ ਦੀਪਕ ਪਾਰਿਕ ਨੂੰ ਐਸ ਐਸ ਪੀ ਬਠਿੰਡਾ ਜਦਕਿ ਅੰਕੁਰ ਗੁਪਤਾ ਨੂੰ ਐਸ ਐਸ ਪੀ ਜਲੰਧਰ ਦਿਹਾਤੀ ਤੈਨਾਤ ਕੀਤਾ ਗਿਆ ਏ। ਇਸੇ ਤਰ੍ਹਾਂ ਸਿਮਰਤ ਕੌਰ ਨੂੰ ਐਸ ਐਸ ਪੀ ਮਾਲੇਰਕੋਟਲਾ, ਸੁਹੇਲ ਕਾਸਿਮ ਮੀਰ ਨੂੰ ਐਸ ਐਸ ਪੀ ਪਠਾਨਕੋਟ ਅਤੇ ਡਾ. ਪ੍ਰੱਗਿਆ ਜੈਨ ਨੂੰ ਐਸ ਐਸ ਪੀ ਫਾਜ਼ਿਲਕਾ ਲਗਾਇਆ ਗਿਆ ਏ।

---------------------------------------------------------

ਪੰਜਾਬ ਵਿੱਚ 100 ਤੋਂ 119 ਸਾਲ ਤਕ ਦੀ ਉਮਰ ਦੇ ਕੁਲ 5 ਹਜ਼ਾਰ 4 ਵੋਟਰ ਨੇ ਜਦਕਿ 205 ਵੋਟਰਾਂ ਦੀ

ਉਮਰ 120 ਸਾਲ ਤੋਂ ਵੀ ਵੱਧ ਏ। ਮੁੱਖ ਚੋਣ ਅਧਿਕਾਰੀ ਸਿਬਿਨ ਸੀ. ਅਨੁਸਾਰ ਭਾਰਤੀ ਚੋਣ ਕਮਿਸ਼ਨ ਦੀਆਂ ਹਦਾਇਤਾਂ ਤੇ 85 ਸਾਲ ਤੋਂ ਵੱਧ ਦੀ ਉਮਰ ਵਾਲੇ ਸਾਰੇ ਵੋਟਰ ਆਪਣੇ ਘਰੋਂ ਹੀ ਵੋਟ ਪਾ ਸਕਦੇ ਨੇ ਅਤੇ ਇਸ ਮਕਸਦ ਲਈ ਸਾਰੇ ਜ਼ਿਲ੍ਹਾ ਚੋਣ ਅਧਿਕਾਰੀਆਂ ਨੂੰ ਪਹਿਲਾਂ ਹੀ ਨਿਰਦੇਸ਼ ਜਾਰੀ ਕੀਤੇ ਜਾ ਚੁੱਕੇ ਨੇ। ਉਨਾਂ ਸਮੂਹ ਵੋਟਰਾਂ ਨੂੰ ਅਪੀਲ ਕੀਤੀ ਏ ਕਿ ਉਹ ਵੋਟ ਦੇ ਅਧਿਕਾਰ ਦੀ ਵੱਧ-ਚੜ੍ਹ ਕੇ ਵਰਤੋਂ ਕਰਨ ਅਤੇ 'ਇਸ ਵਾਰ 70 ਪਾਰ' ਦੇ ਨਾਅਰੇ ਨੂੰ ਅਮਲੀ ਜਾਮਾ ਪਹਿਣਾਉਣ।

**ਵੇਰਵੇ ਨਾਲ ਇਹ ਰਿਪੋਰਟ:**

***ਸੂਬੇ ਵਿਚ ਪਹਿਲੀ ਮਾਰਚ 2024 ਤੱਕ 100 ਤੋਂ 109 ਸਾਲ ਦੀ ਉਮਰ ਵਾਲੇ 1917 ਮਰਦ ਤੇ 2928 ਔਰਤ ਵੋਟਰ ਨੇ ਜਦਕਿ 110 ਤੋਂ 119 ਸਾਲ ਤੱਕ ਦੇ 59 ਮਰਦ ਅਤੇ 100 ਔਰਤ ਵੋਟਰ ਨੇ। ਇਸ ਤਰ੍ਹਾਂ 100 ਤੋਂ 119 ਸਾਲ ਦੀ ਉਮਰ ਤੱਕ ਦੇ ਕੁੱਲ ਵੋਟਰਾਂ ਦੀ ਗਿਣਤੀ 5004 ਬਣਦੀ ਏ। ਇਨਾਂ ਵਿਚ 120 ਸਾਲ ਤੋਂ ਵੱਧ ਉਮਰ ਵਾਲੇ 205 ਵੋਟਰਾਂ ਵਿੱਚੋਂ 122 ਮਰਦ ਤੇ 83 ਔਰਤ ਵੋਟਰ ਨੇ। 120 ਸਾਲ ਤੋਂ ਵੱਧ ਉਮਰ ਵਾਲੇ ਸਭ ਤੋਂ ਵੱਧ 77 ਮਰਦ***

***<u>ਤੇ 34 ਔਰਤ ਵੋਟਰ ਲੁਧਿਆਣਾ ਜ਼ਿਲ੍ਹੇ ਵਿਚ ਅਤੇ ਇਸ ਤੋਂ ਬਾਅਦ 24 ਮਰਦ ਤੇ 25 ਔਰਤ ਵੋਟਰ ਫਿਰੋਜ਼ਪੁਰ ਜ਼ਿਲ੍ਹੇ ਵਿਚ ਨੇ । 18- 19 ਸਾਲ ਉਮਰ ਵਰਗ ਦੇ ਪਹਿਲੀ ਵਾਰ ਵੋਟ ਪਾਉਣ ਵਾਲੇ ਵੋਟਰਾਂ ਦੀ ਕੁੱਲ ਗਿਣਤੀ 4 ਲੱਖ 89 ਹਜ਼ਾਰ 631 ਏ । ਇਨ੍ਹਾਂ ਵਿਚ 16 ਟਰਾਂਸਜੈਂਡਰ ਵੋਟਰ ਵੀ ਸ਼ਾਮਲ ਨੇ ਜਦਕਿ 2 ਲੱਖ 93 ਹਜ਼ਾਰ 100 ਵੋਟਰ ਮੁੰਡੇ ਅਤੇ 1 ਲੱਖ 96 ਹਜ਼ਾਰ 515 ਵੋਟਰ ਕੁੜੀਆਂ ਨੇ । ਸੂਬੇ ਵਿੱਚ ਕੁੱਲ 2 ਕਰੋੜ 12 ਲੱਖ 71 ਹਜ਼ਾਰ 246 ਵੋਟਰ ਦਰਜ਼ ਨੇ । ਇਨ੍ਹਾਂ ਵਿਚ 1 ਕਰੋੜ 11 ਲੱਖ 92 ਹਜ਼ਾਰ 959 ਮਰਦ ਵੋਟਰ ਜਦਕਿ 1 ਕਰੋੜ 77 ਹਜ਼ਾਰ 543 ਔਰਤ ਵੋਟਰ ਸ਼ਾਮਲ ਨੇ । ਸ਼ਿਸ਼ੂ ਸ਼ਰਮਾ ਸ਼ਾਂਤਲ ਆਕਾਸ਼ਵਾਣੀ ਸਮਾਚਾਰ, ਜਲੰਧਰ ।</u>***

---------------------------------------------------

ਲੋਕ ਸਭਾ ਚੋਣਾਂ - 2024 ਦੌਰਾਨ ਵੋਟਰਾਂ ਦੀ ਸਹੂਲਤ ਲਈ, ਭਾਰਤ ਚੋਣ ਕਮਿਸ਼ਨ ਨੇ ਵੋਟਰਾਂ ਨੂੰ ਪਹਿਲੀ ਜੂਨ ਨੂੰ ਵੋਟ ਪਾਉਣ ਲਈ ਚੋਣ ਫੋਟੋ ਪਛਾਣ ਪੱਤਰ ਤੋਂ ਇਲਾਵਾ 12 ਹੋਰ ਅਧਿਕਾਰਤ ਦਸਤਾਵੇਜ਼ਾਂ ਨੂੰ

ਪਛਾਣ ਦੇ ਸਬੂਤ ਵਜੋਂ ਮਾਨਤਾ ਦਿੱਤੀ ਏ। ਵੋਟਰ ਇਨ੍ਹਾਂ ਵਿੱਚੋਂ ਕੋਈ ਵੀ ਇਕ ਦਸਤਾਵੇਜ਼ ਆਪਣੀ ਪਛਾਣ ਵੱਜੋਂ ਪੋਲਿੰਗ ਸਟੇਸ਼ਨ 'ਤੇ ਨਾਲ ਲਿਜਾ ਸਕਦਾ ਏ। ਕਮਿਸ਼ਨ ਦੀਆਂ ਹਦਾਇਤਾਂ ਬਾਰੇ ਜਾਣਕਾਰੀ ਦਿੰਦੇ ਹੋਏ ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ ਦੱਸਿਆ ਕਿ ਜਿੰਨਾਂ ਵੋਟਰਾਂ ਕੋਲ ਚੋਣ ਫੋਟੋ ਪਛਾਣ ਪੱਤਰ ਨਹੀਂ ਨੇ, ਉਹ ਆਧਾਰ ਕਾਰਡ, ਮਨਰੇਗਾ ਜੌਬ ਕਾਰਡ, ਬੈਂਕ ਡਾਕਖਾਨੇ ਵਲੋਂ ਜਾਰੀ ਫੋਟੋ ਸਹਿਤ ਪਾਸਬੁੱਕ, ਕਿਰਤ ਮੰਤਰਾਲੇ ਦੀ ਸਕੀਮ ਤਹਿਤ ਜਾਰੀ ਹੈਲਥ ਸਮਾਰਟ ਕਾਰਡ, ਡਰਾਈਵਿੰਗ ਲਾਇਸੰਸ, ਪੈਨ ਕਾਰਡ, NPR ਅਧੀਨ RGI ਵਲੋਂ ਜਾਰੀ ਸਮਾਰਟ ਕਾਰਡ, ਭਾਰਤੀ ਪਾਸਪੋਰਟ, ਫੋਟੋ ਸਹਿਤ ਪੈਨਸ਼ਨ ਦਸਤਾਵੇਜ, ਕੇਂਦਰ, ਸੂਬਾ ਸਰਕਾਰਾਂ, ਤੇ ਜਨਤਕ ਖੇਤਰ ਦੇ ਅਦਾਰਿਆਂ, ਜਾਂ ਪਬਲਿਕ ਲਿਮਿਟਡ ਕੰਪਨੀਆਂ ਵਲੋਂ ਆਪਣੇ ਮੁਲਾਜ਼ਮਾਂ ਨੂੰ ਜਾਰੀ ਸਰਵਿਸ ਪਛਾਣ ਪੱਤਰ, ਐਮ.ਪੀ. ਐਮ.ਐਲ.ਏ. ਨੂੰ ਜਾਰੀ ਪਛਾਣ ਪੱਤਰ ਅਤੇ ਵਿਲੱਖਣ ਦਿਵਯਾਗਤਾਂ ਪਛਾਣ ਪੱਤਰ ਜਿਹੜਾ ਭਾਰਤ ਸਰਕਾਰ ਦੇ ਸਮਾਜਿਕ ਨਿਆਂ ਅਤੇ ਅਧਿਕਾਰਤਾ ਵਲੋਂ ਜਾਰੀ ਕੀਤਾ ਹੋਵੇ, ਨੂੰ ਦਿਖਾ ਕੇ ਵੀ ਵੋਟ ਪਾ ਸਕਦੇ ਨੇ। ਸਿਬਿਨ ਸੀ ਨੇ ਸਾਰੇ ਵੋਟਰਾਂ

ਨੂੰ ਪੂਰੇ ਉਤਸ਼ਾਹ ਨਾਲ ਲੋਕ ਸਭਾ ਚੋਣਾਂ ਵਿੱਚ ਹਿੱਸਾ ਲੈ ਕੇ ਵੋਟ ਪਾਉਣ ਦੀ ਅਪੀਲ ਕੀਤੀ ਏ । ਉਨਾਂ ਕਿਹਾ ਕਿ ਚੋਣ ਕਮਿਸ਼ਨ ਦਾ "ਇਸ ਵਾਰ 70 ਪਾਰ" ਦਾ ਟੀਚਾ ਏ ਅਤੇ ਵੋਟਰਾਂ ਦੀ ਸਰਗਰਮ ਭਾਗੀਦਾਰੀ ਤੋਂ ਬਿਨਾਂ ਇਸ ਨੂੰ ਪੂਰਾ ਨਹੀਂ ਕੀਤਾ ਜਾ ਸਕਦਾ, ਇਸ ਲਈ ਸਾਰੇ ਵੋਟਰ ਆਪਣੀ ਵੋਟ ਜ਼ਰੂਰ ਪਾਉਣ ।

-----------------------------------------------------------------

ਅਨਫੋਰਸਮੈਂਟ ਡਾਇਰੈਕਟੋਰੇਟ ਵੱਲੋਂ ਕੱਲ੍ਹ ਰਾਤ ਆਮ ਆਦਮੀ ਪਾਰਟੀ' ਦੇ ਕਨਵੀਨਰ ਅਰਵਿੰਦ ਕੇਜਰੀਵਾਲ ਦੀ ਗ੍ਰਿਫ਼ਤਾਰੀ ਦੇ ਮੱਦੇਨਜ਼ਰ 'ਆਮ ਆਦਮੀ ਪਾਰਟੀ' ਦੇ ਕੈਬਨਿਟ ਮੰਤਰੀਆਂ ਅਤੇ ਵਰਕਰਾਂ ਨੇ ਅੱਜ ਮੁਹਾਲੀ ਚੰਡੀਗੜ੍ਹ ਤੇ ਬੁੜੈਲ ਜੇਲ੍ਹ ਲਾਗੇ ਰੋਸ ਪ੍ਰਦਰਸ਼ਨ ਕੀਤਾ । ਉਨ੍ਹਾਂ ਗੁਰਦੁਆਰਾ ਅੰਬ ਸਾਹਿਬ ਤੋਂ ਰੋਸ ਮਾਰਚ ਸ਼ੁਰੂ ਕੀਤਾ । ਚੰਡੀਗੜ੍ਹ ਪੁਲੀਸ ਨੇ ਉਨ੍ਹਾਂ ਨੂੰ ਬੁੜੈਲ ਜੇਲ੍ਹ ਨੇੜੇ ਰੋਕ ਲਿਆ ਅਤੇ ਉਨਾਂ ਨੂੰ ਖਿੰਡਾਉਣ ਲਈ ਪਾਣੀ ਦੀਆਂ ਬੁਛਾੜਾਂ ਦੀ ਵਰਤੋਂ ਕੀਤੀ । ਇਸ ਦੌਰਾਨ ਚੰਡੀਗੜ੍ਹ ਪੁਲਿਸ ਨੇ ਪੰਜਾਬ ਦੇ 3 ਕੈਬਨਿਟ ਮੰਤਰੀਆਂ ਅਮਨ ਅਰੋੜਾ, ਗੁਰਮੀਤ ਸਿੰਘ ਮੀਤ ਹੇਅਰ ਅਤੇ ਲਾਲ ਚੰਦ

ਕਟਾਰੂਚੱਕ ਨੂੰ ਪਾਰਟੀ ਦੇ ਵਰਕਰਾਂ ਸਮੇਤ ਆਪਣੀ ਹਿਰਾਸਤ ਵਿਚ ਲੈ ਲਿਆ।

---

ਏਧਰ ਪੰਜਾਬ BJP ਦੇ ਸੂਬਾ ਮੀਤ ਪ੍ਰਧਾਨ ਸ਼ੁਭਾਸ ਸ਼ਰਮਾ ਨੇ ਅਰਵਿੰਦ ਕੇਜਰੀਵਾਲ ਨੂੰ ਗਿਰਫਤਾਰ ਕਰਨ ਤੇ ਕਿਹਾ ਕਿ ED ਦੀ ਇਹ ਕਾਰਵਾਈ ਘੋਟਾਲੇਬਾਜਾਂ ਲਈ ਇੱਕ ਸਬਕ ਏ, ਕਿ ਘੋਟਾਲਾ ਕਰਨ ਵਾਲਾ ਕਿੰਨਾ ਵੀ ਤਾਕਤਵਰ ਹੋਵੇ ਪਰ ਕਿਸੇ ਨੂੰ ਵੀ ਬਖਸ਼ਿਆ ਨਹੀਂ ਜਾਵੇਗਾ। ਇਕ ਬਿਆਨ ਵਿਚ ਉਨਾਂ ਕਿਹਾ ਕਿ ਅਰਵਿੰਦ ਕੇਜਰੀਵਾਲ ਦੀ ਗਿਰਫਤਾਰੀ ਤੋਂ ਬਾਅਦ ਅਹਿਮ ਖੁਲਾਸੇ ਹੋਣਗੇ ਤੇ ਇਸਦਾ ਸੇਕ ਪੰਜਾਬ ਤੱਕ ਵੀ ਪਹੁੰਚਣ ਦੀ ਬਹੁਤ ਸੰਭਾਵਨਾ ਏ। ਉਨਾਂ ਕਿਹਾ ਕਿ ਆਮ ਆਦਮੀ ਪਾਰਟੀ ਦੇ ਆਗੂਆਂ ਨੇ ਸ਼ਰਾਬ ਨੀਤੀ ਤੇ ਹੋਰ ਘੋਟਾਲਿਆਂ ਰਾਹੀ ਪੈਸਾ ਇਕੱਠਾ ਕਰਕੇ ਪੈਸਾ ਦੇਸ਼ ਦੀਆਂ ਚੋਣਾਂ ਜਿੱਤਣ ਲਈ ਵਰਤਿਆ।

---

ਪੰਜਾਬ ਤੇ ਹਰਿਆਣਾ ਹਾਈਕੋਰਟ ਦੇ ਜੱਜ ਜਸਟਿਸ ਅਰਚਨਾ ਪੁਰੀ

ਨੇ, ਅੱਜ ਸਬ-ਜੇਲ੍ਹ ਫਾਜ਼ਿਲਕਾ ਦਾ ਨਿਰੀਖਣ ਕੀਤਾ। ਇੱਥੇ ਪਹੁੰਚਣ ਤੇ ਡਿਪਟੀ ਸੁਪਰਡੰਟ ਆਸ਼ੂ ਭੱਟੀ ਨੇ ਉਹਨਾਂ ਦਾ ਸਵਾਗਤ ਕੀਤਾ। ਨਿਰੀਖਣ ਦੌਰਾਨ ਜ਼ਿਲ੍ਹਾ ਤੇ ਸੈਸ਼ਨ ਜੱਜ ਜਤਿੰਦਰ ਕੌਰ ਅਤੇ ਮੁਖ ਨਿਆਂਇਕ ਮੈਜੀਸਟ੍ਰੇਟ ਤੇ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਸਕੱਤਰ ਅਮਨਦੀਪ ਸਿੰਘ ਵੀ ਮੌਜੂਦ ਰਹੇ। ਇਸ ਦੌਰਾਨ ਜਸਟਿਸ ਅਰਚਨਾ ਪੁਰੀ ਨੇ ਸਬ-ਜੇਲ੍ਹ ਫਾਜ਼ਿਲਕਾ ਵਿੱਚ ਹਵਾਲਾਤੀਆਂ ਤੇ ਕੈਦੀਆਂ ਨਾਲ ਗੱਲਬਾਤ ਕੀਤੀ ਅਤੇ ਉਨਾਂ ਨੂੰ ਆਪਣੇ ਜੀਵਨ ਵਿੱਚ ਸੁਧਾਰ ਲਿਆਉਣ ਲਈ ਪ੍ਰੇਰਿਤ ਕਰਦਿਆਂ ਯੋਗ, ਖੇਡਾਂ ਅਤੇ ਰੱਬ ਦਾ ਸਿਮਰਨ ਕਰਨ ਦੇ ਸਲਾਹ ਵੀ ਦਿੱਤੀ। ਜਸਟਿਸ ਪੁਰੀ ਨੇ ਸਬ-ਜੇਲ੍ਹ ਫਾਜ਼ਿਲਕਾ ਵਿਖੇ ਪੌਦਾ ਵੀ ਲਗਾਇਆ।

-----------------------------------------------------

ਅੱਜ ਵਿਸ਼ਵ ਜਲ ਦਿਵਸ ਏ। ਇਸ ਦਾ ਮਕਸਦ ਲੋਕਾਂ ਨੂੰ ਪਾਣੀ ਦੀ ਸਾਂਭ ਸੰਭਾਲ ਬਾਰੇ ਜਾਗਰੂਕ ਕਰਨਾ ਏ। ਇਸ ਮੌਕੇ ਤੇ ਸਾਇੰਸ ਪੁਸ਼ਪਾ ਗੁਜਰਾਲ ਸਾਇੰਸ ਸਿਟੀ ਕਪੂਰਥਲਾ ਵਿਖੇ, ਪੰਜਾਬ ਸਟੇਟ ਕੌਂਸਲ ਫ਼ਾਰ ਸਾਇੰਸ ਐਂਡ ਤਕਨਾਲੋਜੀ ਦੇ ਸਹਿਯੋਗ ਨਾਲ “ਵਿਸ਼ਵ ਸ਼ਾਂਤੀ ਲਈ

ਜਲ” ਵਿਸ਼ੇ ਤੇ ਕੇਂਦਰਿਤ ਇਕ ਪ੍ਰੇਰਨਾਦਾਇਕ ਪ੍ਰੋਗਰਾਮ ਕਰਵਾਇਆ ਗਿਆ। ਪੰਜਾਬ ਭਰ ਤੋਂ 200 ਦੇ ਕਰੀਬ ਸਕੂਲ ਦੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਇਸ ਵਿਚ ਹਿੱਸਾ ਲਿਆ। ਸਮਾਗਮ ਦਾ ਉਦੇਸ਼ ਵਿਸ਼ਵ ਸਥਿਰਤਾ ਅਤੇ ਖੁਸ਼ਹਾਲੀ ਨੂੰ ਬਣਾਈ ਰੱਖਣ ਲਈ ਜਲ ਦੀ ਅਹਿਮ ਭੂਮਿਕਾ ਬਾਰੇ ਜਾਗਰੂਕਤਾ ਪੈਦਾ ਕਰਨਾ ਰਿਹਾ। ਵਿਦਿਆਰਥੀਆਂ ਨੇ ਜਲ ਸੁਰੱਖਿਆ ਸੰਬੰਧੀ ਦਰਪੇਸ਼ ਚੁਣੌਤੀਆਂ ਨਾਲ ਨਜਿੱਠਣ ਲਈ ਨੁੱਕੜ ਨਾਟਕਾਂ ਅਤੇ ਰਹਿੰਦ-ਖੂੰਹਦ ਤੋਂ ਕੁਝ ਵਧੀਆ ਕਰਨ ਦੇ ਮੁਕਾਬਲਿਆਂ ਰਾਹੀਂ ਰਚਨਾਤ-ਮਿਕਤਾ ਦਾ ਪ੍ਰਦਰਸ਼ਨ ਕੀਤਾ। ਸਾਇੰਸ ਸਿਟੀ ਦੇ ਡਾਇਰੈਕਟਰ ਡਾ. ਰਾਜੇਸ਼ ਗਰੋਵਰ ਨੇ ਜੀਵਨ ਵਿਚ ਜਲ ਦੀ ਮਹੱਹਤਾ ਦੇ ਨਾਲ-ਨਾਲ ਜਲ ਸਰੋਤਾਂ ਤੇ ਜਲਵਾਯੂ ਪਰਿਵਤਰਨ ਦੇ ਪੈ ਰਹੇ ਅਸਰ ਨੂੰ ਘਟਾਉਣ ਦੀ ਜਰੂਰਤ ਦੱਸੀ ਤਾਂ ਜੋ ਪਾਣੀ ਦੀ ਘਾਟ ਤੋਂ ਪੈਦਾ ਹੋਣ ਵਾਲੇ ਪ੍ਰਭਾਵ ਟਾਲੇ ਜਾ ਸਕਣ। ਉਨ੍ਹਾਂ ਬੱਚਿਆਂ ਨੂੰ ਰੋਜ਼ਮਰ੍ਹਾਂ ਦੀ ਜ਼ਿੰਦਗੀ ਵਿਚ ਵੀ ਪਾਣੀ ਦੀ ਸਾਂਭ-ਸੰਭਾਲ ਵੱਲ ਨਿੱਕੇ ਨਿੱਕੇ ਕਦਮ ਚੁੱਕਣ ਲਈ ਪ੍ਰੇਰਿਤ ਕੀਤਾ ਤਾਂ ਜੋ ਸਾਰਿਆਂ ਲਈ ਭਵਿੱਖ ਵਿਚ ਪਾਣੀ ਦੀ ਸਥਿਰਤਾ ਨੂੰ ਯਕੀਨੀ ਬਣਾਇਆ ਜਾ ਸਕੇ।

ਇੰਡੀਅਨ ਇੰਸਟੀਚਿਊਟ ਆਫ਼ ਸਾਇੰਟਫ਼ਿਕ ਐਜੂਕੇਸ਼ਨ ਰਿਸਰਚ ਮੋਹਾਲੀ ਦੇ ਡਾ.ਅਰਵਿੰਦ ਸ਼ਾਕਿਆ ਨੇ "ਗੰਦਲੇ ਪਾਣੀ ਦੇ ਪ੍ਰਬੰਧ ਤੇ ਵਰਤਾਅ ਲਈ ਜੈਵਿਕ ਤਕਨੀਕਾਂ" ਦੇ ਵਿਸ਼ੇ ਤੇ ਵਿਸ਼ੇਸ਼ ਲੈਕਚਰ ਦਿੱਤਾ।

--------------------------------------------------

ਇਸ ਦੌਰਾਨ ਆਮ ਲੋਕਾਂ ਦਾ ਕਹਿਣਾ ਏ ਕਿ ਪਾਣੀ ਦੀ ਇਕ ਇਕ ਬੂੰਦ ਨੂੰ ਬਚਾਉਣਾ ਸਮਾਜ ਦੇ ਹਰ ਵਿਅਕਤੀ ਦਾ ਮੁਢਲਾ ਫਰਜ਼ ਏ ਅਤੇ ਇਸ ਵਾਲ ਸਾਰਿਆਂ ਨੂੰ ਧਿਆਨ ਦੇਣਾ ਚਾਹੀਦਾ ਏ।

--------------------------------------------------

ਸੰਗਰੂਰ ਜ਼ਿਲ੍ਹੇ ਦੇ ਪਿੰਡ ਗੁੱਜਰਾਂ ਵਿਚ ਜ਼ਹਿਰੀਲੀ ਸ਼ਰਾਬ ਨਾਲ ਹੋਈਆਂ ਮੌਤਾਂ ਦਾ ਮਾਮਲਾ ਹਾਲੇ ਠੰਢਾ ਨਹੀਂ ਹੋਇਆ ਕਿ ਅੱਜ ਸੁਨਾਮ ਵਿਖੇ ਵੀ ਕਥਿਤ ਜ਼ਹਿਰੀਲੀ ਸ਼ਰਾਬ ਨੇ 4 ਹੋਰ ਵਿਅਕਤੀਆਂ ਦੀ ਜਾਨ ਲੈ ਲਈ ਜਦਕਿ 9 ਜਣਿਆਂ ਦੀ ਹਾਲਤ ਗੰਭੀਰ ਦੱਸੀ ਜਾ ਰਹੀ ਏ। ਇਹ ਸਾਰੇ ਸੁਨਾਮ ਦੇ ਸਰਕਾਰੀ ਹਸਪਤਾਲ ਵਿਚ ਇਲਾਜ ਅਧੀਨ ਨੇ। ਸੰਗਰੂਰ ਪੁਲੀਸ ਨੇ ਮੌਤਾਂ ਦੀ ਪੁਸ਼ਟੀ ਕਰਦਿਆਂ ਜਾਂਚ ਆਰੰਭ ਦਿੱਤੀ ਏ। ਪੀੜਤਾਂ ਦੇ ਪਰਿਵਾਕਰ ਮੈਂਬਰਾਂ ਦਾ ਕਹਿਣਾ ਏ ਕਿ ਉਕਤ ਵਿਅਕਤੀਆਂ ਵੱਲੋਂ

ਸ਼ਰਾਬ ਮੁੱਲ ਲੈ ਕੇ ਪੀਤੀ ਗਈ ਸੀ, ਜਿਸ ਤੋਂ ਬਾਅਦ ਉਨ੍ਹਾਂ ਦੀ ਹਾਲਤ ਖਰਾਬ ਹੋਣੀ ਸ਼ੁਰੂ ਹੋ ਗਈ। ਕਥਿਤ ਜ਼ਹਿਰੀਲੀ ਸ਼ਰਾਬ ਪੀਣ ਨਾਲ ਜਾਨ ਗਵਾਉਣ ਵਾਲਿਆਂ ਦੀ ਪਛਾਣ ਰਵਿਦਾਸਪੁਰਾ ਟਿੱਬੀ ਦੇ ਵਸਨੀਕ ਗੁਰਮੀਤ ਸਿੰਘ, ਲੱਛਾ ਸਿੰਘ, ਬੁੱਧ ਸਿੰਘ, ਸੇਵਕ ਵਜੋਂ ਕੀਤੀ ਗਈ ਏ। ਉਧਰ ਸੁਨਾਮ ਪੁਲੀਸ ਵੱਲੋਂ ਡੀਐਸਪੀ ਮਨਦੀਪ ਸਿੰਘ ਸੰਧੂ ਦੀ ਅਗਵਾਈ ਹੇਠ ਪਿੰਡ ਰਵੀਦਾਸਪੁਰਾ ਟਿੱਬੀ ਵਿੱਚ ਪਹੁੰਚਕੇ ਇਲਾਕੇ ਦੀ ਛਾਣਬੀਣ ਕੀਤੀ ਜਾ ਰਹੀ ਏ। ਪਿੰਡ ਵਾਲਿਆਂ ਨੇ ਪੁਲੀਸ ਨੂੰ ਦੱਸਿਆ ਕਿ ਪੀੜਤ ਵਿਅਕਤੀਆਂ ਨੇ ਪਿੰਡ ਵਿੱਚ ਵੇਚਣ ਵਾਲੇ ਕਿਸੇ ਵਿਅਕਤੀ ਤੋਂ ਸ਼ਰਾਬ ਲੈਕੇ ਪੀਤੀ ਸੀ।

------------------------------------------------

**ਅਖੀਰ ਵਿਚ ਖ਼ਾਸ ਖਬਰਾਂ ਇਕ ਵਾਰ ਫੇਰ ਤੋਂ**

- ਭਾਰਤ ਚੋਣ ਕਮਿਸ਼ਨ ਨੇ ਪੰਜਾਬ ਦੇ 5 ਜ਼ਿਲ੍ਹਿਆਂ ਦੇ SSPs ਦੀ ਤੈਨਾਤੀ ਕਰ ਦਿੱਤੀ ਏ।
- ਲੋਕ ਸਭਾ ਚੋਣਾਂ ਦੌਰਾਨ ਵੋਟਰਾਂ ਦੀ ਸਹੂਲਤ ਲਈ ਵੋਟ ਪਾਉਣ ਸਮੇਂ, ਭਾਰਤੀ ਚੋਣ ਕਮਿਸ਼ਨ ਨੇ ਚੋਣ ਫੋਟੋ ਪਛਾਣ ਪੱਤਰ ਤੋਂ

ਇਲਾਵਾ 12 ਹੋਰ ਅਧਿਕਾਰਤ ਦਸਤਾਵੇਜ਼ਾਂ ਨੂੰ ਪਛਾਣ ਦੇ ਸਬੂਤ ਵਜੋਂ ਮਾਨਤਾ ਦਿੱਤੀ ਏ।

- ਵਿਸ਼ਵ ਜਲ ਦਿਵਸ ਮੌਕੇ ਲੋਕਾਂ ਨੂੰ ਪਾਣੀ ਦੀ ਸਾਂਭ ਸੰਭਾਲ ਬਾਰੇ ਜਾਗਰੂਕ ਕਰਨ ਦੇ ਮਕਸਦ ਨਾਲ, ਪੁਸ਼ਪਾ ਗੁਜਰਾਲ ਸਾਇੰਸ ਸਿਟੀ ਵਿਖੇ ਪ੍ਰੇਰਨਾਦਾਇਕ ਪ੍ਰੋਗਰਾਮ ਦਾ ਆਯੋਜਨ।
- ਸੁਨਾਮ ਵਿਖੇ ਵੀ ਕਥਿਤ ਜ਼ਹਿਰੀਲੀ ਸ਼ਰਾਬ ਨੇ 4 ਵਿਅਕਤੀਆਂ ਦੀ ਜਾਨ ਲਈ, ਜਦਕਿ 9 ਜਣਿਆਂ ਦੀ ਹਾਲਤ ਗੰਭੀਰ ਦੱਸੀ ਜਾ ਰਹੀ ਏ।

**ਇਸਦੇ ਨਾਲ ਹੀ ਪ੍ਰਦੇਸ਼ਿਕ ਖਬਰਾਂ ਖਤਮ ਹੋਈਆਂ, ਨਮਸਕਾਰ !**